# ਦਫ਼ਤਰ ਜ਼ਿਲ੍ਹਾ ਮੈਜਿਸਟਰੇਟ, ਪਠਾਨਕੋਟ

(ਫੁਟਕਲ ਸ਼ਾਖਾ)

ਨੰਬਰ:.11557

ਹੁਕਮ:

ਜਦੋਂਕਿ ਡਾਇਰੈਕਟਰ ਆਫ ਇੰਡਸਟਰੀਜ਼ ਐਂਡ ਕਾਮਰਸ, ਪੰਜਾਬ, ਚੰਡੀਗੜ੍ਹ ਵਲੋਂ ਪੱਤਰ ਨੰ: Tech/Explosive Rules/Part-ii/10236-A, dated 05.10.2020 ਰਾਹੀਂ ਅਗਵਾਈ ਲੀਹਾਂ ਅਤੇ Explosive Rules, 2008 ਤਹਿਤ ਦੀਵਾਲੀ ਦੇ ਤਿਉਹਾਰ ਮੌਕੇ ਪਟਾਕੇ/ਆਤਿਸਬਾਜੀ ਸਟੋਰ ਕਰਨ, ਵੇਚਣ ਦੇ ਨਾਲ-ਨਾਲ ਦੀਵਾਲੀ/ਗੁਰਪੁਰਬ/ਕ੍ਰਿਸਮਿਸ ਅਤੇ ਨਵੇਂ ਸਾਲ ਦੀ ਆਮਦ ਤੇ ਪਟਾਕੇ/ਆਤਿਸ਼ਬਾਜ਼ੀ ਚਲਾਉਣ ਲਈ ਸਮਾਂ ਨਿਸਚਿਤ ਕੀਤਾ ਗਿਆ ਹੈ।

ਇਸ ਲਈ, ਮੈਂ ਸੰਯਮ ਅਗਰਵਾਲ, ਆਈ.ਏ.ਐਸ., ਜ਼ਿਲ੍ਹਾ ਮੈਜਿਸਟਰੇਟ, ਪਠਾਨਕੋਟ ਜਾਬਤਾ ਫੌਜਦਾਰੀ 1973 (1974 ਦਾ ਐਕਟ ਨੰ: 2) ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਪਠਾਨਕੋਟ ਦੀ ਹਦੂਦ ਅੰਦਰ ਦੀਵਾਲੀ ਦੇ ਤਿਉਹਾਰ ਮੌਕੇ ਸ਼ਾਮ 08:00 ਵਜੇ ਤੋਂ ਰਾਤ 10:00 ਵਜੇ ਤੱਕ, ਕ੍ਰਿਸਮਿਸ/ਨਵੇਂ ਸਾਲ ਦੀ ਆਮਦ ਤੇ ਰਾਤ 11:55 ਤੋਂ ਰਾਤ 12:30 ਵਜੇ ਤੱਕ ਅਤੇ ਗੁਰਪੁਰਬ ਵਾਲੇ ਦਿਨ ਨੂੰ ਸਵੇਰੇ 04:00 ਤੋਂ ਸਵੇਰੇ 05:00 ਵਜੇ ਤੱਕ ਸਮੇਤ ਸ਼ਾਮ 09:00 ਵਜੇ ਤੋਂ 10:00 ਵਜੇ ਤੱਕ ਹੀ ਪਟਾਕੇ/ਆਤਿਸ਼ਬਾਜ਼ੀ ਚਲਾਉਣ ਦੀ ਆਗਿਆ ਦਿੰਦਾ ਹਾਂ। ਉਕਤ ਦਰਸਾਏ ਗਏ ਦਿਨਾਂ/ਸਮੇਂ ਤੋਂ ਇਲਾਵਾ ਹੋਰ ਕਿਸੇ ਵੀ ਦਿਨ ਪਟਾਕੇ/ਆਤਿਸ਼ਬਾਜ਼ੀ ਆਦਿ ਚਲਾਉਣ ਦੀ ਆਗਿਆ ਨਹੀਂ ਹੋਵੇਗੀ।

ਇਹ ਹੁਕਮ ਮਾਮਲੇ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਕਤਰਫਾ ਜਾਰੀ ਕੀਤਾ ਜਾਂਦਾ ਹੈ ਅਤੇ ਆਮ ਜਨਤਾ ਨੂੰ ਸੰਬੋਧਤ ਕੀਤਾ ਜਾਂਦਾ ਹੈ। ਸੀਨੀਅਰ ਪੁਲਿਸ ਕਪਤਾਨ, ਪਠਾਨਕੋਟ ਉਕਤ ਹੁਕਮਾਂ ਦੀ ਪਾਲਣਾ ਦੇ ਨਾਲ-ਨਾਲ ਡਾਇਰੈਕਟਰ ਆਫ ਇੰਡਸਟਰੀਜ਼ ਐਂਡ ਕਾਮਰਸ, ਪੰਜਾਬ, ਚੰਡੀਗੜ੍ਹ ਦੇ ਪੱਤਰ ਨੰਬਰ Rules/Part-ii/10236-A, dated 05.10.2020 (ਕਾਪੀ ਨੱਥੀ) ਰਾਹੀਂ ਜਾਰੀ ਅਗਵਾਹੀ ਲੀਹਾਂ ਦੀ ਇੰਨ-ਬਿੰਨ ਪਾਲਣਾ ਕਰਨਾ ਯਕੀਨੀ ਬਣਾਉਣਗੇ।

ਇਹ ਹੁਕਮ ਮਿਤੀ 21.10.2021 ਤੋਂ ਹੀ ਲਾਗੂ ਸਮਝਿਆ ਜਾਵੇਗਾ, ਜੋ ਕਿ ਮਿਤੀ 01.01.2022 ਤੱਕ ਲਾਗੂ ਰਹੇਗਾ।

ਇਸ ਹੁਕਮ ਸਬੰਧੀ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਪਠਾਨਕੋਟ ਵਲੋਂ ਪ੍ਰਿੰਟ/ਇਲੈਕਟ੍ਰੋਨਿਕ ਮੀਡੀਆ ਰਾਹੀਂ ਪ੍ਰਚਾਰ ਕਰਵਾਇਆ ਜਾਵੇਗਾ। ਇਸ ਤੋਂ ਇਲਾਵਾ ਇਸ ਹੁਕਮ ਦੀ ਕਾਪੀ ਪਠਾਨਕੋਟ ਜ਼ਿਲ੍ਹੇ ਦੇ ਸੀਨੀਅਰ ਪੁਲਿਸ ਕਪਤਾਨ, ਉਪ ਮੰਡਲ ਮੈਜਿਸ੍ਟਰੇਟਾਂ/ਕਮਿਸ਼ਨਰ, ਨਗਰ ਨਿਗਮ /ਤਹਿਸੀਲਦਾਰਾਂ/ਕਾਰਜ ਸਾਧਕ ਅਫ਼ਸਰ, ਨਗਰ ਕੌਂਸਲਾਂ/ਫਾਇਰ ਅਫ਼ਸਰ ਅਤੇ ਵਾਤਾਵਰਨ ਇੰਜੀਨੀਅਰ, ਪ੍ਰਦੂਸ਼ਣ ਕੰਟਰੋਲ ਬੋਰਡ, ਬਟਾਲਾ ਦੇ ਨੋਟਿਸ ਬੋਰਡਾਂ ਅਤੇ ਉਘੀਆਂ ਥਾਵਾਂ ਤੇ ਚਸਪਾ ਕਰਕੇ ਲਾਗੂ ਕੀਤਾ ਜਾਵੇ।

ਇਹ ਹੁਕਮ ਅੱਜ ਮਿਤੀ 21.10.2021 ਨੂੰ ਮੇਰੇ ਹਸਤਾਖਰਾਂ ਅਤੇ ਅਦਾਲਤੀ ਮੋਹਰ ਹੇਠ ਜਾਰੀ ਕੀਤਾ ਗਿਆ।

DISTRICT MAGISTRATE PATHANKOT

Sanyam

ਜ਼ਿਲ੍ਹਾ ਮੈਜਿਸਟਰੇਟ,
ਪਠਾਨਕੋਟ।

ਪਿੱਠ ਅੰਕਣ ਨੰਬਰ: ਐਮ.ਏ./ 11558-11585 ਮਿਤੀ 21/10/2021

ਉਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਪ੍ਰਮੁੱਖ ਸਕੱਤਰ, ਗ੍ਰਹਿ ਵਿਭਾਗ, ਪੰਜਾਬ, ਚੰਡੀਗੜ੍ਹ।
3. ਡਾਇਰੈਕਟਰ ਜਨਰਲ ਆਫ ਪੁਲਿਸ, ਪੰਜਾਬ, ਚੰਡੀਗੜ੍ਹ।
4. ਕਮਿਸ਼ਨਰ, ਜਲੰਧਰ ਮੰਡਲ, ਜਲੰਧਰ।
5. ਡਿਪਟੀ ਇੰਸਪੈਕਟਰ,ਜਨਰਲ ਆਫ ਪੁਲਿਸ, ਜਲੰਧਰ, ਰੇਜ ਜਲੰਧਰ।
6. ਜ਼ਿਲ੍ਹਾ ਅਤੇ ਸੈਸ਼ਨ ਜੱਜ, ਪਠਾਨਕੋਟ/ਗੁਰਦਾਸਪੁਰ।
7. ਜ਼ਿਲ੍ਹਾ ਮੈਜਸਟਰੇਟ ਸਮੂਹ ਪੰਜਾਬ ਰਾਜ।
8. ਸੀਨੀਅਰ ਪੁਲਿਸ ਕਪਤਾਨ, ਪਠਾਨਕੋਟ।
9. ਵਧੀਕ ਡਿਪਟੀ ਕਮਿਸ਼ਨਰ ਜਨਰਲ/ਵਿਕਾਸ ਪਠਾਨਕੋਟ।
10. ਉਪ ਮੰਡਲ ਮੈਜਿਸਟਰੇਟ, ਪਠਾਨਕੋਟ/ਧਾਰ ਕਲ੍ਹਾਂ।
11. ਕਮਿਸ਼ਨਰ, ਨਗਰ ਨਿਗਮ ਪਠਾਨਕੋਟ।
12. ਜਿਲਾ ਮਾਲ ਅਫਸਰ ,ਪਠਾਨਕੋਟ/ਤਹਿਸੀਲਦਾਰ,ਪਠਾਨਕੋਟ/ਧਾਰ ਕਲ੍ਹਾਂ।
13. ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਪਠਾਨਕੋਟ ਨੂੰ ਆਮ ਲੋਕਾਂ ਵਿੱਚ ਪ੍ਰਚਾਰ ਕਰਨ ਹਿੱਤ ਭੇਜਿਆ ਜਾਂਦਾ ਹੈ।
14. ਵਾਤਾਵਰਨ ਇੰਜੀਨੀਅਰ, ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ, ਬਟਾਲਾ।
15. ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ, ਪਠਾਨਕੋਟ।
16. ਕਾਰਜ ਸਾਧਕ ਅਫਸਰ, ਸੁਜਾਨਪੁਰ।
17. ਫਾਇਰ ਅਫਸਰ ਪਠਾਨਕੋਟ/ਸੁਜਾਨਪੁਰ।
18. ਪੀ.ਏ ਟੂ ਜ਼ਿਲ੍ਹਾ ਮੈਜਿਸਟਰੇਟ, ਪਠਾਨਕੋਟ/ਸਟੈਨੋ ਟੂ ਵਧੀਕ ਜ਼ਿਲ੍ਹਾ ਮੈਜਿਸਟਰੇਟ, ਪਠਾਨਕੋਟ।
19. ਸਾਖਾ ਸਹਾਇਕ, ਅਸਲਾ ਸ਼ਾਖਾ, ਦਫ਼ਤਰ ਡਿਪਟੀ ਕਮਿਸ਼ਨਰ, ਪਠਾਨਕੋਟ।

DISTRICT MAGISTRATE PATHANKOT

Sanyam

ਜ਼ਿਲ੍ਹਾ ਮੈਜਿਸਟਰੇਟ,
ਪਠਾਨਕੋਟ।

Scanned with CamScanner